**ਪੰਜਾਬ ਸਰਕਾਰ**

**ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ**

**(ਗ੍ਰਹਿ-5 ਸ਼ਾਖਾ)**

ਵੱਲ,

ਸ੍ਰੀ ਹਰਮਨਦੀਪ ਸਿੰਘ ਹੰਸ, ਆਈ.ਪੀ.ਐਸ.
ਸੀਨੀਅਰ ਪੁਲਿਸ ਕਪਤਾਨ,
ਫ਼ਿਰੋਜ਼ਪੁਰ।

ਮੀਮੋ ਨੰ: 16/81/2021-1ਗ5/7240 ਮਿਤੀ, ਚੰਡੀਗੜ੍ਹ 8 ਨਵੰਬਰ 2021

**ਵਿਸ਼ਾ: ਪਿੰਡ ਵਜੀਦਪੁਰ ਵਿੱਚ ਨਸ਼ੇ ਦੀ ਵਿੱਕਰੀ ਬਾਰੇ ਵਾਇਰਲ ਹੋਈ ਵੀਡੀਓ ਸਬੰਧੀ।**

ਮਾਨਯੋਗ ਮੁੱਖ ਮੰਤਰੀ ਜੀ ਅਤੇ ਮਾਨਯੋਗ ਉੱਪ ਮੁੱਖ ਮੰਤਰੀ ਜੀ ਨੇ ਐਸ.ਐਸ.ਪੀਜ਼ ਨਾਲ ਕੀਤੀਆਂ ਦੋਵੇਂ ਮੀਟਿੰਗਾਂ ਵਿੱਚ ਸਪੱਸ਼ਟ ਆਦੇਸ਼ ਦਿੱਤੇ ਸਨ ਕਿ ਨਸ਼ਾ ਵੇਚਣ ਵਾਲਿਆਂ ਵਿਰੁੱਧ ਸਾਰੇ ਐਸ.ਐਸ.ਪੀਜ਼ ਸਖ਼ਤ ਕਾਨੂੰਨੀ ਕਾਰਵਾਈ ਕਰਨਗੇ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਸੀ ਕਿ ਜੇ ਕਿਤੇ ਨਸ਼ਾ ਵਿਕਦਾ ਪਾਇਆ ਜਾਂਦਾ ਹੈ ਤਾਂ ਸਬੰਧਤ ਪੁਲਿਸ ਅਫ਼ਸਰਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

2. ਸੋਸ਼ਲ ਮੀਡੀਆ ਤੇ ਇੱਕ ਵੀਡੀਓ ਵਾਇਰਲ ਹੋਈ ਹੈ ਜਿਸ ਵਿੱਚ ਇਲਜ਼ਾਮ ਲਗਾਇਆ ਗਿਆ ਹੈ ਕਿ ਪਿੰਡ ਵਜੀਦਪੁਰ ਦੇ ਵਿੱਚ ਖੁੱਲੇ-ਆਮ ਚਿੱਟਾ ਵਿਕਦਾ ਹੈ। ਇਹ ਵੀ ਇਲਜ਼ਾਮ ਲਗਾਇਆ ਗਿਆ ਹੈ ਕਿ ਕਾਫ਼ੀ ਸਮੇਂ ਤੋਂ ਪਿੰਡ ਵਾਲੇ ਲੋਕਲ ਪੁਲਿਸ ਅਧਿਕਾਰੀਆਂ ਨੂੰ ਇਸ ਸਬੰਧੀ ਸ਼ਿਕਾਇਤ ਵੀ ਕਰ ਰਹੇ ਹਨ ਪਰੰਤੂ ਨਾ ਤਾਂ ਨਸ਼ਾ ਵੇਚਣ ਵਾਲਿਆਂ ਵਿਰੁੱਧ ਕੋਈ ਠੋਸ ਕਾਰਵਾਈ ਕੀਤੀ ਗਈ ਹੈ ਅਤੇ ਨਾ ਹੀ ਨਸ਼ਾ ਵਿਕਣਾ ਬੰਦ ਹੋਇਆ ਹੈ।

3. ਆਪ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਇਸ ਕੇਸ ਵੱਲ ਨਿੱਜੀ ਧਿਆਨ ਦਿੱਤਾ ਜਾਵੇ ਅਤੇ ਹੇਠ ਲਿਖੇ ਅਨੁਸਾਰ ਕਾਰਵਾਈ ਕੀਤੀ ਜਾਵੇ:-

(ੳ). ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

(ਅ). ਜਿਨ੍ਹਾਂ ਪੁਲਿਸ ਅਧਿਕਾਰੀਆਂ ਨੇ ਹੁਣ ਤੱਕ ਇਸ ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਵਿਰੁੱਧ ਠੋਸ ਕਾਰਵਾਈ ਨਹੀਂ ਕੀਤੀ ਉਨ੍ਹਾਂ ਦੇ ਵਿਰੁੱਧ ਅਨੁਸ਼ਾਸਨੀ ਕਾਰਵਾਈ ਕਰਨ ਲਈ ਕੇਸ ਤਿਆਰ ਕਰਕੇ ਨਿਮਨਹਸਤਾਖ਼ਰ ਨੂੰ ਭੇਜਿਆ ਜਾਵੇ।

(ੲ). ਨਸ਼ਾ ਵੇਚਣ ਵਾਲਿਆਂ ਦੀ ਪ੍ਰਾਪਰਟੀ ਅਟੈਚ ਕਰਨ ਸਬੰਧੀ ਤੁਰੰਤ ਕਾਨੂੰਨ ਅਨੁਸਾਰ ਕਾਰਵਾਈ ਆਰੰਭੀ ਜਾਵੇ।

4. ਉਪਰੋਕਤ ਅਨੁਸਾਰ ਕਾਰਵਾਈ ਕਰਕੇ ਰਿਪੋਰਟ ਤਿੰਨ ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖ਼ਰ ਨੂੰ ਭੇਜੀ ਜਾਵੇ।

5. ਇਹ ਪੱਤਰ ਮਾਨਯੋਗ ਉੱਪ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾ ਰਿਹਾ ਹੈ।

ਪ੍ਰਮੁੱਖ ਸਕੱਤਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ।

ਪਿੱਠ ਅੰਕਣ ਨੰ: 16/81/2021-1ਗ5/7241-7243 ਮਿਤੀ, ਚੰਡੀਗੜ੍ਹ 8 ਨਵੰਬਰ 2021

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜ ਕੇ ਆਖਿਆ ਜਾਂਦਾ ਹੈ ਕਿ ਉਪਰੋਕਤ ਅਨੁਸਾਰ ਕਾਰਾਵਾਈ ਕਰਨੀ ਯਕੀਨੀ ਬਣਾਈ ਜਾਵੇ:-

1. ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ।
2. ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਐਸ.ਟੀ.ਐਫ), ਪੰਜਾਬ।
3. ਡੀ.ਆਈ.ਜੀ. ਫ਼ਿਰੋਜ਼ਪੁਰ ਰੇਂਜ, ਫ਼ਿਰੋਜ਼ਪੁਰ।

ਪ੍ਰਮੁੱਖ ਸਕੱਤਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ।